## ਦਫਤਰ ਡਾਇਰੈਕਟੋਰੇਟ ਆਫ ਸਕੂਲ ਐਜੂਕੇਸ਼ਨ (ਸੈਕੰਡਰੀ), ਪੰਜਾਬ

ਮੀਮੋ ਨੰ::Transfer Cell/2026/485237/ 2552 ਮਿਤੀ: 13.3.26

### ਜਨਤਕ ਸੂਚਨਾਂ

1.0 ਪੰਜਾਬ ਸਰਕਾਰ, ਸਿੱਖਿਆ ਵਿਭਾਗ ਦੇ ਪੱਤਰ ਨੰ: 11/35/2018-1edu6/1508658, ਮਿਤੀ 26.06.2019 ਰਾਹੀਂ ਅਧਿਆਪਕਾਂ ਦੀ Teachers Transfer Policy-2019 ਜਾਰੀ ਕੀਤੀ ਗਈ ਸੀ ਅਤੇ ਉਸ ਉਪਰੰਤ ਸਮੇਂ ਸਮੇਂ ਤੇ ਸੋਧਾਂ ਜਾਰੀ ਕੀਤੀਆਂ ਗਈਆਂ ਹਨ।

2.0 ਸਿੱਖਿਆ ਵਿਭਾਗ ਵਲੋਂ ਜਾਰੀ ਅਧਿਸੂਚਨਾਂ SED-EDU6021/2/2023-1ਸਿ6/30 ਮਿਤੀ 26.02.2024 ਰਾਹੀਂ Exempted Category ਅਧੀਨ ਕਵਰ ਹੋਣ ਵਾਲੇ ਅਧਿਆਪਕ/ਕੰਪਿਊਟਰ ਫੈਕਲਟੀ/ ਨਾਨ ਟੀਚਿੰਗ ਸਟਾਫ ਨੂੰ ਬਦਲੀ ਲਈ ਵੇਰਵੇ ਜਿਵੇਂ ਕਿ General Details, Results, Service Record ਮਿਤੀ 12.01.2026 ਤੋਂ 21.01.2026 ਤੱਕ ਭਰਨ ਲਈ ਸਮਾਂ ਦਿੱਤਾ ਗਿਆ ਸੀ।

3.0 ਦਰਖਾਸਤਕਰਤਾਵਾਂ ਵਲੋਂ ਬਦਲੀ ਲਈ ਬੇਨਤੀ ਕਰਦੇ ਸਮੇਂ ਜੋ ਡਾਟਾ ਭਰਿਆ ਗਿਆ, ਉਸ ਦੀ ਤਸਦੀਕ ਸਕੂਲ ਮੁੱਖੀ/ਡੀ.ਡੀ.ਓ ਵਲੋਂ ਮਿਤੀ 30.01.2026 ਤੱਕ ਕੀਤੀ ਗਈ ਹੈ।

4.0 ਜਿੰਨਾਂ ਦਰਖਾਸਤਕਰਤਾਵਾਂ ਨੇ ਬਦਲੀ ਲਈ ਬੇਨਤੀ ਦਿੱਤੀ ਹੈ ਅਤੇ ਉਹ ਬਦਲੀ ਕਰਵਾਉਣਾ ਚਾਹੁੰਦੇ ਹਨ ਤਾਂ ਉਹ ਈ ਪੰਜਾਬ ਪੋਰਟਲ ਤੇ ਲਾਗ ਇਨ ਕਰਕੇ ਬਦਲੀ ਲਈ Station Choice ਮਿਤੀ 13.03.2026 ਤੋਂ 16.03.2026 ਤੱਕ ਦੇ ਸਕਦੇ ਹਨ। ਬਦਲੀ ਲਈ ਉਪਲਬਧ ਖਾਲੀ ਅਸਾਮੀਆਂ ਦੀ ਸੂਚੀ ਈ ਪੰਜਾਬ ਪੋਰਟਲ ਤੇ Log in ਕਰਕੇ Transfer Menu ਵਿੱਚ Station Choice ਲਿੰਕ ਤੇ ਦਰਸਾਈ ਜਾਵੇਗੀ। Station Choice ਇਹਨਾਂ ਉਪਲਬਧ ਖਾਲੀ ਸਟੇਸਨਾਂ ਵਿਚੋਂ ਹੀ ਕੀਤੀ ਜਾ ਸਕਦੀ ਹੈ।

5.0 ਜਿਹੜੇ ਅਧਿਆਪਕ/ਕਰਮਚਾਰੀ ਬਦਲੀ ਕਰਵਾਉਣ ਵਿੱਚ ਸਫਲ ਹੋ ਜਾਣਗੇ ਤਾਂ ਉਹਨਾਂ ਨੂੰ ਬਦਲੀ ਵਾਲੇ ਸਟੇਸਨ ਭਾਵ ਜਿੱਥੇ ਬਦਲੀ ਹੋਈ ਹੈ, ਵਿਖੇ ਜੁਆਇੰਨ ਕਰਨਾ ਲਾਜਮੀ ਹੋਵੇਗਾ, ਕਿਸੇ ਵੀ ਹਾਲਤ ਵਿੱਚ ਬਦਲੀ ਰੱਦ ਨਹੀਂ ਕੀਤੀ ਜਾਵੇਗੀ। ਇਸ ਲਈ ਅਧਿਆਪਕ/ਕਰਮਚਾਰੀ ਬਦਲੀ ਲਈ Station Choice ਬਹੁਤ ਹੀ ਧਿਆਨ ਪੂਰਵਕ ਕਰਨ।

6.0 ਜੇਕਰ ਕਿਸੇ ਅਧਿਆਪਕ/ਕੰਪਿਊਟਰ ਫੈਕਲਟੀ/ਕਰਮਚਾਰੀ ਨੂੰ ਬਦਲੀ ਲਈ ਆਨਲਾਈਨ Station Choice ਵਿੱਚ ਦਿੱਕਤ ਪੇਸ਼ ਆਉਂਦੀ ਹੈ ਤਾਂ ਉਹ ਜਿਲ੍ਹਾ ਐਮ.ਆਈ.ਐਸ ਕੋਆਰਡੀਨੇਟਰ ਦੀ ਮਦਦ ਲੈ ਸਕਦਾ ਹੈ, ਜਿੰਨਾਂ ਦੀ ਫੋਨ ਨੰਬਰਾਂ ਦੀ ਸੂਚੀ epunjabschool portalਤੇ ਉਪਲਬਧ ਹੈ।

13.3.26

ਸਹਾਇਕ ਡਾਇਰੈਕਟਰ (ਟਰਾਂਸਫਰ ਸੈੱਲ)